# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :25-08-2025**

**ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ**

- ਭਾਰਤ ਅਤੇ ਫਿਜੀ ਨੇ, ਸਿਹਤ ਅਤੇ ਮਿਆਰੀਕਰਨ, ਸਮਰੱਥਾ ਨਿਰਮਾਣ ਅਤੇ ਕਈ ਵੱਡੇ ਪ੍ਰੋਜੈਕਟਾਂ 'ਤੇ ਸੱਤ ਸਮਝੌਤਿਆਂ ਦਾ ਆਦਾਨ-ਪ੍ਰਦਾਨ ਕੀਤਾ।
- ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਵਲੋਂ ਰਾਸ਼ਟਰੀ ਅੱਖਾਂ ਦਾਨ ਪੰਦਰਵਾੜੇ ਦੀ ਸ਼ੁਰੂਆਤ।
- ਬਾਗਬਾਨੀ ਮੰਤਰੀ ਮੋਹਿੰਦਰ ਭਗਤ ਨੇ ਜਲੰਧਰ ਵਿਚ ਜ਼ਿਲ੍ਹਾ ਪੱਧਰੀ ਵਣ ਮਹਾਉਤਸਵ ’ਚ ਸ਼ਿਰਕਤ ਕਰਦਿਆਂ -ਇਕ ਮਨੁੱਖ ਇਕ ਰੁੱਖ’ ਦੇ ਮੰਤਰ ’ਤੇ ਅਮਲ ਕਰਨ ਦਾ ਦਿੱਤਾ ਸੱਦਾ।
- ਲੁਧਿਆਣਾ ਦੇ ਅਧਿਆਪਕ ਨਰਿੰਦਰ ਸਿੰਘ ਦੀ ਰਾਸ਼ਟਰੀ ਅਧਿਆਪਕ ਪੁਰਸਕਾਰ ਲਈ ਹੋਈ ਚੋਣ।

- ਪੰਜਾਬ ਪੁਲਿਸ ਵਲੋਂ ਬੱਬਰ ਖਾਲਸਾ ਇੰਟਰਨੈਸ਼ਨਲ ਦੇ ਦਹਿਸ਼ਤਗਰਦੀ ਮਾਡਿਊਲ ਦਾ ਪਰਦਾਫਾਸ਼ -ਚਾਰ ਹੈਂਡ ਗ੍ਰਨੇਡ ਅਤੇ 2 ਕਿਲੋ ਆਰ.ਡੀ.ਐਕਸ ਅਧਾਰਤ ਆਈ.ਈ.ਡੀ ਬਰਾਮਦ । ਅਤੇ
- ਮੌਸਮ ਵਿਭਾਗ ਵਲੋਂ ਅੱਜ ਪੰਜਾਬ ਵਿੱਚ ਕਈ ਥਾਵਾਂ ਤੇ ਭਾਰੀ ਤੋਂ ਬਹੁਤ ਭਾਰੀ ਮੀਂਹ ਦਾ ਰੈਡ ਅਲਰਟ ਜਦਕਿ ਕੱਲ ਲਈ ਔਰੰਜ ਅਲਰਟ ਜਾਰੀ ।

**ਹੁਣ ਖਬਰਾਂ ਵਿਸਥਾਰ ਨਾਲ**.....

---------------------------------------------------------------------------------

ਭਾਰਤ ਅਤੇ ਫਿਜੀ ਨੇ ਸਿਹਤ ਅਤੇ ਮਿਆਰੀਕਰਨ, ਸਮਰੱਥਾ ਨਿਰਮਾਣ ਅਤੇ ਕਈ ਵੱਡੇ ਪ੍ਰੋਜੈਕਟਾਂ 'ਤੇ ਸੱਤ ਸਮਝੌਤਿਆਂ ਦਾ ਆਦਾਨ-ਪ੍ਰਦਾਨ ਕੀਤਾ ਏ ।ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨਵੀਂ ਦਿੱਲੀ ਦੇ ਹੈਦਰਾਬਾਦ ਹਾਊਸ ਵਿਖੇ ਫਿਜੀ ਦੇ ਪ੍ਰਧਾਨ ਮੰਤਰੀ ਸਿਤੀ-ਵੇਨੀ ਰਾਬੂਕਾ ਨਾਲ ਵਫ਼ਦ ਪੱਧਰੀ ਗੱਲਬਾਤ ਕੀਤੀ। ਬਾਅਦ ਵਿੱਚ, ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦੇ ਹੋਏ, ਸ੍ਰੀ ਮੋਦੀ ਨੇ ਕਿਹਾ ਕਿ ਦੋਵਾਂ ਦੇਸ਼ਾਂ ਦੇ ਆਪਸੀ ਸਬੰਧਾਂ ਵਿੱਚ ਇੱਕ ਨਵਾਂ ਅਧਿਆਇ ਜੋੜਿਆ ਜਾ ਰਿਹਾ ਏ । ਉਨ੍ਹਾਂ ਕਿਹਾ ਕਿ ਅੱਜ ਦੀ ਮੀਟਿੰਗ ਵਿੱਚ ਕਈ ਮਹੱਤਵਪੂਰਨ ਫੈਸਲੇ ਲਏ ਗਏ।BYTE:

ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਫਿਜੀ ਦੀ ਰਾਜਧਾਨੀ ਸੁਵਾ ਵਿੱਚ ਇੱਕ ਵੱਡਾ ਹਸਪਤਾਲ ਬਣਾਇਆ ਜਾਵੇਗਾ ਅਤੇ ਭਾਰਤ ਦੇ ਸਹਿਯੋਗ ਨਾਲ ਫਿਜੀ ਵਿੱਚ ਜਨ ਔਸ਼ਧੀ ਕੇਂਦਰ ਵੀ ਖੋਲ੍ਹੇ ਜਾਣਗੇ। ਸ੍ਰੀ ਮੋਦੀ ਨੇ ਕਿਹਾ ਕਿ ਦੋਵੇਂ ਦੇਸ਼ ਰੱਖਿਆ ਅਤੇ ਸੁਰੱਖਿਆ ਵਿੱਚ ਸਹਿਯੋਗ ਵਧਾਉਣ ਲਈ ਸਹਿਮਤ ਹੋਏ ਨੇ ।

-----------------------------------------------------------------------------

ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ, ਡਾ. ਬਲਬੀਰ ਸਿੰਘ ਨੇ ਅੱਖਾਂ ਦਾਨ ਦੀ ਮਹੱਤਤਾ ਬਾਰੇ ਜਾਗਰੂਕਤਾ ਫੈਲਾਉਣ ਅਤੇ ਟ੍ਰਾਂਸਪਲਾਂਟੇਸ਼ਨ ਲਈ ਕੌਰਨੀਆ ਦੀ ਘਾਟ ਨੂੰ ਪੂਰਾ ਕਰਨ ਦੇ ਉਦੇਸ਼ ਨਾਲ, ਅੱਜ ਤੋਂ 8 ਸਤੰਬਰ ਤੱਕ ਮਨਾਏ ਜਾਣ ਵਾਲੇ 40ਵੇਂ ਰਾਸ਼ਟਰੀ ਅੱਖਾਂ ਦਾਨ ਪੰਦਰਵਾੜੇ ਦੀ ਸ਼ੁਰੂਆਤ ਕੀਤੀ। ਨਾਗਰਿਕਾਂ ਨੂੰ ਆਪਣੀਆਂ ਅੱਖਾਂ ਦਾਨ ਕਰਨ ਲਈ ਅੱਗੇ ਆਉਣ ਦੀ ਅਪੀਲ ਕਰਦੇ ਹੋਏ, ਸਿਹਤ ਮੰਤਰੀ ਨੇ ਹਵਾਲਾ ਦਿੱਤਾ ਕਿ ਭਾਰਤ ਵਿੱਚ ਲਗਭਗ 10 ਲਖ ਤੋਂ ਲੋਕ ਕੌਰਨੀਆ ਨੇਤ੍ਰਹੀਣਤਾ ਤੋਂ ਪੀੜਤ ਹਨ। ਦੇਸ਼ ਨੂੰ ਹਰ ਸਾਲ ਇਕ ਲਖ ਤੋਂ ਵੱਧ ਕੌਰਨੀਆ ਟ੍ਰਾਂਸਪਲਾਂਟ ਦੀ ਲੋੜ ਹੁੰਦੀ ਏ , ਪਰ ਸਿਰਫ 25,000 ਤੋਂ 40,000 ਟ੍ਰਾਂਸਪਲਾਂਟ ਹੀ ਕੀਤੇ ਜਾਂਦੇ ਹਨ। ਉਨ੍ਹਾਂ ਕਿਹਾ ਕਿ ਇੱਕ ਦਾਨ ਦੋ ਕੌਰਨੀਅਲ ਅੰਨ੍ਹੇ ਵਿਅਕਤੀਆਂ ਨੂੰ ਨਜ਼ਰ ਦੇ ਸਕਦਾ ਏ । ਇਸ ਪਹਿਲਕਦਮੀ ਦਾ ਉਦੇਸ਼ ਰਾਜ ਭਰ ਵਿੱਚ ਸੂਚਨਾ, ਸਿੱਖਿਆ ਅਤੇ

ਸੰਚਾਰ ਗਤੀਵਿਧੀਆਂ ਨੂੰ ਤੇਜ਼ ਕਰਕੇ ਜਨਤਾ ਨੂੰ ਸਿੱਖਿਅਤ ਕਰਨਾ ਏ। ਇਸੇ ਦੌਰਾਨ ਬਠਿੰਡਾ ਅਤੇ ਮੋਹਾਲੀ ਵਿਚ ਵੀ ਸਮਾਗਮ ਕਰਕੇ ਲੋਕਾਂ ਨੂੰ ਅੱਖਾਂ ਦਾਨ ਕਰਨ ਬਾਰੇ ਜਾਗਰੂਕ ਕੀਤਾ ਗਿਆ।

---------------------------------------------------------------------------

ਪੰਜਾਬ ਦੇ ਬਾਗਬਾਨੀ ਮੰਤਰੀ ਮੋਹਿੰਦਰ ਭਗਤ ਨੇ ਅੱਜ ਜਲੰਧਰ ਵਿਚ ਜ਼ਿਲ੍ਹਾ ਪੱਧਰੀ ਵਣ ਮਹਾਉਤਸਵ ਦੌਰਾਨ ਬੂਟੇ ਲਾਉਂਦਿਆਂ ਲੋਕਾਂ ਨੂੰ ਵਾਤਾਵਰਣ ਦੀ ਸੰਭਾਲ ਲਈ ਅੱਗੇ ਆਉਣ ਦਾ ਸੱਦਾ ਦਿੱਤਾ। ਵਣ ਅਤੇ ਜੰਗਲੀ ਜੀਵ ਸੁਰੱਖਿਆ ਵਿਭਾਗ ਵੱਲੋਂ ਸਥਾਨਕ ਆਈ.ਵੀ. ਵਰਲਡ ਸਕੂਲ ਵਿਖੇ ਮਨਾਏ ਗਏ ਵਣ ਜ਼ਿਲ੍ਹਾ ਪੱਧਰੀ ਵਣ ਮਹਾਉਤਸਵ ਸਮਾਗਮ ਦੌਰਾਨ ਕੈਬਨਿਟ ਮੰਤਰੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਨੂੰ ਰੰਗਲਾ ਅਤੇ ਹਰਿਆ-ਭਰਿਆ ਪੰਜਾਬ ਬਣਾਉਣ ਲਈ ਵਚਨਬੱਧ ਏ ਅਤੇ ਪੰਜਾਬ ਵਿੱਚ ਹਰਿਆਵਲ ਵਧਾਉਣ ਲਈ ਲਗਾਤਾਰ ਉਪਰਾਲੇ ਕਰ ਰਹੀ ਏ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਜਲੰਧਰ ’ਚ ਮਾਨਸੂਨ ਸੀਜ਼ਨ ਦੌਰਾਨ 3 ਲੱਖ 50 ਹਜ਼ਾਰ ਬੂਟੇ ਲਾਉਣ ਦਾ ਟੀਚਾ ਮਿੱਥਿਆ ਗਿਆ ਸੀ, ਜਿਸ ਤਹਿਤ 90 ਫੀਸਦੀ ਤੋਂ ਜ਼ਿਆਦਾ ਬੂਟੇ ਦਾ ਕੰਮ ਮੁਕੰਮਲ ਕੀਤਾ ਜਾ ਚੁੱਕਾ ਹੈ। ਕੈਬਨਿਟ ਮੰਤਰੀ ਨੇ ਲੋਕਾਂ ਨੂੰ ‘ਇਕ ਮਨੁੱਖ ਇਕ ਰੁੱਖ’ ਦੇ ਮੰਤਰ ’ਤੇ ਅਮਲ ਕਰਨ ਦਾ ਸੱਦਾ ਦਿੰਦਿਆਂ ਕਿਹਾ ਕਿ ਹਰੇਕ ਇਨਸਾਨ ਨੂੰ ਆਪਣੀ ਜ਼ਿੰਦਗੀ ਵਿੱਚ ਘੱਟੋ-ਘੱਟ ਇਕ

ਰੁੱਖ ਜ਼ਰੂਰ ਲਗਾਉਣਾ ਚਾਹੀਦਾ ਏ। ਆਉਣ ਵਾਲੀਆਂ ਪੀੜ੍ਹੀਆਂ ਲਈ ਹਰਿਆ-ਭਰਿਆ ਅਤੇ ਪ੍ਰਦੂਸ਼ਣ ਰਹਿਤ ਵਾਤਾਵਰਣ ਸਿਰਜਣ ਲਈ ਸ੍ਰੀ ਭਗਤ ਨੇ ਵਾਤਾਵਰਣ ਦੀ ਸੰਭਾਲ ਲਈ ਸਮੂਹਿਕ ਯਤਨਾਂ ਦੀ ਲੋੜ ’ਤੇ ਜ਼ੋਰ ਦਿੱਤਾ। ਵਿਦਿਆਰਥੀਆਂ ਵੱਲੋਂ ਵਾਤਾਵਰਣ ਦੀ ਸੰਭਾਲ ਦੇ ਸੰਦੇਸ਼ ’ਤੇ ਆਧਾਰਿਤ ਗੀਤ, ਨੁੱਕੜ ਨਾਟਕ ਪੇਸ਼ ਕੀਤੇ ਗਏ। ਇਸ ਮੌਕੇ 2 ਹਜ਼ਾਰ ਬੂਟੇ ਵੀ ਲਗਾਏ ਗਏ।

---------------------------------------------------------------------------------

ਲੁਧਿਆਣਾ ਜ਼ਿਲ੍ਹੇ ਦੇ ਸਰਕਾਰੀ ਪ੍ਰਾਇਮਰੀ ਸਕੂਲ, ਜੰਡਿਆਲੀ ਵਿੱਚ ਸੇਵਾ ਨਿਭਾ ਰਹੇ ਅਧਿਆਪਕ ਨਰਿੰਦਰ ਸਿੰਘ ਦੀ ਵੱਕਾਰੀ ਰਾਸ਼ਟਰੀ ਅਧਿਆਪਕ ਪੁਰਸਕਾਰ- 2025 ਲਈ ਚੋਣ ਹੋਈ ਏ। ਪੰਜਾਬ ਦੇ ਸਕੂਲ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਨਰਿੰਦਰ ਸਿੰਘ ਨੂੰ ਇਸ ਵੱਕਾਰੀ ਰਾਸ਼ਟਰੀ ਅਧਿਆਪਕ ਪੁਰਸਕਾਰ -2025 ਲਈ ਚੋਣ ਹੋਣ ’ਤੇ ਵਧਾਈ ਦਿੱਤੀ। ਉਨ੍ਹਾਂ ਨੇ ਨਰਿੰਦਰ ਸਿੰਘ ਲਈ ਉਨ੍ਹਾਂ ਦੇ ਭਵਿੱਖੀ ਯਤਨਾਂ ਵਿੱਚ ਨਿਰੰਤਰ ਸਫਲਤਾ ਦੀ ਕਾਮਨਾ ਵੀ ਕੀਤੀ। ਸ੍ਰੀ ਬੈਂਸ ਨੇ ਕਿਹਾ ਕਿ ਨਰਿੰਦਰ ਸਿੰਘ ਦੀ ਪ੍ਰਾਪਤੀ ਹੋਰ ਅਧਿਆਪਕਾਂ ਲਈ ਪ੍ਰਤੱਖ ਮਿਸਾਲ ਏ ਕਿ ਉਹ ਵੀ ਇਸੇ ਤਰ੍ਹਾਂ ਆਪਣੇ ਵਿਦਿਆਰਥੀਆਂ ਦੇ ਜੀਵਨ ’ਤੇ ਆਪਣੀ ਮਿਹਨਤ ਸਦਕਾ ਸਾਰਥਕ ਤੇ ਸਕਾਰਾਤਮਕ ਪ੍ਰਭਾਵ ਪਾ ਸਕਦੇ ਨੇ। ਜ਼ਿਕਰਯੋਗ ਏ ਕਿ ਰਾਸ਼ਟਰੀ ਅਧਿਆਪਕ ਪੁਰਸਕਾਰ ਸਮਾਗਮ 5

ਸਤੰਬਰ ਨੂੰ ਨਵੀਂ ਦਿੱਲੀ ਦੇ ਵਿਗਿਆਨ ਭਵਨ ਵਿਖੇ ਹੋਣ ਜਾ ਰਿਹਾ ਏ । ਨਰਿੰਦਰ ਸਿੰਘ ਨੂੰ ਉਨ੍ਹਾਂ ਦੇ  ਸਮਰਪਣ ਅਤੇ ਸਿੱਖਿਆ ਦੇ ਖੇਤਰ ਵਿੱਚ ਪਾਏ ਸ਼ਾਨਦਾਰ ਯੋਗਦਾਨ ਨੂੰ ਮਾਨਤਾ ਦਿੰਦੇ ਹੋਏ ਇਸ ਸਮਾਰੋਹ ਦੌਰਾਨ ਮੈਰਿਟ ਸਰਟੀਫਿਕੇਟ, 50 ਹਜ਼ਾਰ  ਰੁਪਏ ਦਾ ਨਕਦ ਇਨਾਮ ਅਤੇ ਇੱਕ ਚਾਂਦੀ ਦੇ ਤਮਗੇ ਨਾਲ ਸਨਮਾਨਿਤ ਕੀਤਾ ਜਾਵੇਗਾ। ਪੁਰਸਕਾਰ ਲਈ ਚੁਣੇ ਜਾਣ ’ਤੇ  ਧੰਨਵਾਦ ਅਤੇ ਖੁਸ਼ੀ ਪ੍ਰਗਟ ਕਰਦਿਆਂ ਨਰਿੰਦਰ ਸਿੰਘ ਨੇ ਕਿਹਾ ਕਿ ਉਹ ਇਸ ਰਾਸ਼ਟਰੀ ਮਾਨਤਾ ਨੂੰ ਪ੍ਰਾਪਤ ਕਰਕੇ ਬਹੁਤ ਮਾਣ ਮਹਿਸੂਸ ਕਰ ਰਹੇ ਨੇ । ਉਨ੍ਹਾਂ ਇਸ ਪ੍ਰਾਪਤੀ ਦਾ ਸਿਹਰਾ ਆਪਣੇ ਵਿਦਿਆਰਥੀਆਂ, ਸਹਿਯੋਗੀਆਂ ਅਤੇ ਸਿੱਖਿਆ ਵਿਭਾਗ ਦੇ ਸਮਰਥਨ ਨੂੰ ਦਿੱਤਾ । ਉਨ੍ਹਾਂ ਕਿਹਾ ਕਿ ਲੋਕਾਂ ਅਤੇ ਸਰਕਾਰ ਦੇ  ਯਤਨਾਂ ਸਦਕਾ 15 ਸਮਾਰਟ ਕਲਾਸਰੂਮ, ਤਿੰਨ ਲਾਇਬ੍ਰੇਰੀਆਂ  ਅਤੇ ਤਿੰਨ ਵਿਸ਼ੇਸ਼ ਪਾਰਕ - ਸੁੰਦਰ ਲਿਖਾਈ ਪਾਰਕ, ਮੈਥ (ਗਣਿਤ) ਪਾਰਕ ਅਤੇ ਆਈ.ਟੀ. ਪਾਰਕ ਦੀ ਸਥਾਪਨਾ ਹੋਈ ਏ ।

---

ਪੰਜਾਬ ਪੁਲਿਸ ਨੇ ਪਾਕਿਸਤਾਨ ਆਈ.ਐਸ.ਆਈ ਸਮਰਥਿਤ ਦਹਿਸ਼ਤਗਰਦੀ ਮਾਡਿਊਲ ਦਾ ਪਰਦਾਫਾਸ਼ ਕਰਦਿਆਂ, ਚਾਰ ਹੈਂਡ ਗ੍ਰਨੇਡ ਅਤੇ 2 ਕਿਲੋ ਆਰ.ਡੀ.ਐਕਸ-ਅਧਾਰਤ ਆਈ.ਈ.ਡੀ ਬਰਾਮਦ ਕੀਤਾ ਏ । ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਦਸਿਆ ਕਿ ਇਹ

ਬਰਾਮਦਗੀ ਅੰਮ੍ਰਿਤਸਰ ਵੱਲ ਜਾਣ ਵਾਲੀ ਸੜਕ ਨੇੜਿਓਂ ਹੋਈ ਏ । ਪੁਲਿਸ ਟੀਮਾਂ ਨੇ ਇੱਕ ਐਫ.ਐਮ. ਟ੍ਰਾਂਸਸੀਵਰ ਸੈੱਟ, ਹੈੱਡਸੈੱਟ ਸਮੇਤ ਹੋਰ ਉਪਕਰਣ ਵੀ ਬਰਾਮਦ ਕੀਤੇ ਨੇ । ਡੀ.ਜੀ.ਪੀ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਏ ਕਿ ਇਹ ਖੇਪ ਲੰਡਨ ਅਧਾਰਤ ਬੱਬਰ ਖਾਲਸਾ ਇੰਟਰਨੈਸ਼ਨਲ ਦੇ ਦਹਿਸ਼ਤਗਰਦ ਨਿਸ਼ਾਨ ਸਿੰਘ ਉਰਫ ਨਿਸ਼ਾਨ ਜੋਡੀਆ, ਜੋ ਕਿ ਪਾਕਿਸਤਾਨ ਅਧਾਰਤ ਦਹਿਸ਼ਤਗਰਦ ਹਰਵਿੰਦਰ ਸਿੰਘ ਰਿੰਦਾ ਦੇ ਇਸ਼ਾਰਿਆਂ ‘ਤੇ ਕੰਮ ਕਰ ਰਿਹਾ ਏ ਦੇ ਨਿਰਦੇਸ਼ਾਂ 'ਤੇ ਰੱਖੀ ਗਈ ਸੀ। ਉਨ੍ਹਾਂ ਦਸਿਆ ਕਿ ਇੱਕ ਮੁਲਜ਼ਮ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਜਿਸਦੀ ਪਛਾਣ ਪਿੰਡ ਪੂਰੀਆ ਕਲਾਂ ਦੇ ਰਵਿੰਦਰ ਪਾਲ ਸਿੰਘ ਉਰਫ਼ ਰਵੀ ਵਜੋਂ ਹੋਈ ਏ । ਇੱਕ ਹੋਰ ਮੁਲਜ਼ਮ ਦੀ ਪਛਾਣ ਕਰ ਲਈ ਗਈ ਏ ਅਤੇ ਪੁਲਿਸ ਟੀਮਾਂ ਵੱਲੋਂ ਉਸਨੂੰ ਕਾਬੂ ਕਰਨ ਲਈ ਛਾਪੇਮਾਰੀ ਕੀਤੀ ਜਾ ਰਹੀ ਏ ।

---------------------------------------------------------------------------

ਪੰਜਾਬ ਦੇ ਪੇਂਡੂ ਵਿਕਾਸ ਤੇ ਪੰਚਾਇਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ ਏ ਕਿ ਆਧੁਨਿਕ ਪੰਚਾਇਤ ਘਰ ਅਤੇ ਆਮ ਸੇਵਾ ਕੇਂਦਰ ਪਿੰਡਾਂ ਦੇ ਵਿਕਾਸ ਵਿੱਚ ਨਵਾਂ ਅਧਿਆਏ ਲਿਖਣਗੇ । ਉਨ੍ਹਾਂ ਦੱਸਿਆ ਕਿ ਸੂਬੇ ਭਰ ਵਿੱਚ ਪਹਿਲੇ ਗੇੜ ਤਹਿਤ 500 ਆਧੁਨਿਕ ਪੰਚਾਇਤ ਘਰ ਤੇ ਸੇਵਾ ਕੇਂਦਰ ਬਣਾਏ ਜਾ ਰਹੇ ਜਿਨ੍ਹਾਂ ‘ਤੇ 125 ਕਰੋੜ ਰੁਪਏ ਦੀ ਲਾਗਤ

ਆਾਵੇਗੀ। ਊਨਾ ਦੱਸਿਆ ਕਿ 2800 ਤੋਂ ਵੱਧ ਆਬਾਦੀ ਵਾਲੇ ਹਰੇਕ ਪਿੰਡ ਵਿੱਚ ਇਕ ਪੰਚਾਇਤ ਘਰ ਅਤੇ ਇਕ ਸਾਂਝ ਸੇਵਾ ਕੇਂਦਰ ਬਣਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਇਕ ਪੰਚਾਇਤ ਘਰ ਬਣਾਉਣ ਦੀ ਲਾਗਤ 20 ਲੱਖ ਰੁਪਏ ਅਤੇ ਸੇਵਾ ਕੇਂਦਰ ਦੀ ਲਾਗਤ 5 ਲੱਖ ਰੁਪਏ ਹੋਵੇਗੀ। ਉਨ੍ਹਾਂ ਦੱਸਿਆ ਕਿ ਇਸ ਪ੍ਰੋਜੈਕਟ ਤਹਿਤ ਉਨ੍ਹਾਂ ਪਿੰਡਾਂ ਦੀ ਚੋਣ ਕੀਤੀ ਗਈ ਏ ਜਿੱਥੇ ਅਜੇ ਤੱਕ ਪੰਚਾਇਤ ਘਰ ਦੀ ਵਿਵਸਥਾ ਨਹੀਂ ਸੀ। ਇਹ ਕੇਂਦਰ ਪਿੰਡਾਂ ਵਿੱਚ ਡਿਜੀਟਲ ਕ੍ਰਾਂਤੀ ਦਾ ਧੁਰਾ ਬਣਨਗੇ ਜੋ ਪਿੰਡ ਵਾਸੀਆਂ ਨੂੰ ਆਨਲਾਈਨ ਸੇਵਾਵਾਂ ਲੈਣ ਵਿੱਚ ਮਦਦ ਕਰਨਗੇ। ਪੰਚਾਇਤ ਮੰਤਰੀ ਨੇ ਦੱਸਿਆ ਕਿ ਸਰਕਾਰੀ ਸਕੀਮਾਂ ਲਈ ਨਾਮ ਦਰਜ ਕਰਵਾਉਣ, ਵਿੱਦਿਅਕ ਸੰਸਥਾਵਾਂ ਵਿੱਚ ਦਾਖਲਾ ਲੈਣ, ਆਧਾਰ ਕਾਰਡ ਜਾਂ ਪਾਸਪੋਰਟ ਬਣਵਾਉਣ ਤੇ ਹੋਰ ਬਹੁਤ ਸਾਰੀਆਂ ਸੇਵਾਵਾਂ ਆਨਲਾਈਨ ਹਾਸਲ ਹੁੰਦੀਆਂ ਹਨ ਜਿਸ ਕਰਕੇ ਸੇਵਾ ਕੇਂਦਰ ਲੋਕਾਂ ਦੀ ਸਹੂਲਤ ਲਈ ਵੱਡੀ ਭੂਮਿਕਾ ਨਿਭਾਉਣਗੇ।

---------------------------------------------------------------------------

ਹਿਮਾਚਲ ਪ੍ਰਦੇਸ਼ ਅਤੇ ਪੰਜਾਬ ਦੇ ਬਹੁਤ ਸਾਰੇ ਹਿੱਸਿਆਂ ਵਿੱਚ ਲਗਾਤਾਰ ਹੋ ਰਹੀ ਬਾਰਿਸ਼ ਕਾਰਨ ਬਿਆਸ, ਰਾਵੀ ਅਤੇ ਸਤਲੁਜ ਦਰਿਆਵਾਂ ਵਿੱਚ ਪਾਣੀ ਦਾ ਪੱਧਰ ਵੱਧ ਰਿਹਾ ਏ । ਏਸ ਕਾਰਨ ਹੁਸ਼ਿਆਰਪੁਰ, ਕਪੂਰਥਲਾ, ਗੁਰਦਾਸਪੁਰ ਅਤੇ ਫਿਰੋਜ਼ਪੁਰ ਦੇ ਬਹੁਤ

ਸਾਰੇ ਪਿੰਡ ਪ੍ਰਭਾਵਿਤ ਹੋਏ ਨੇ ਤੇ ਖੜੀਆਂ ਫਸਲਾਂ ਨੂੰ ਵੀ ਨੁਕਸਾਨ ਪੁੱਜਾ ਏ । ਬਿਆਸ ਦਰਿਆ ਵਿੱਚ ਪਾਣੀ ਵਧਣ ਕਾਰਨ ਕਪੂਰਥਲਾ ਦੇ ਸੁਲਤਾਨਪੁਰ ਲੋਧੀ ਵਿੱਚ 16 ਪਿੰਡਾਂ ਦੇ 270 ਤੋਂ ਵੱਧ ਘਰ ਪ੍ਰਭਾਵਿਤ ਹੋਏ ਨੇ । ਪ੍ਰਸ਼ਾਸਨਿਕ ਸੂਤਰਾਂ ਮੁਤਾਬਕ 93 ਪਿੰਡਾਂ ਵਿੱਚ ਧੁੱਸੀ ਬੰਨ੍ਹ ਨਾਲ ਲੱਗਦੇ ਕੁਝ ਖੇਤਰਾਂ ਵਿੱਚ ਫਸਲੀ ਨੁਕਸਾਨ ਹੋਇਆ ਏ। ਹੁਸ਼ਿਆਰਪੁਰ ਦੀ ਸਭ ਡਵੀਜ਼ਨ ਮੁਕੇਰੀਆਂ ਦੇ ਛੇ ਪਿੰਡ ਹੜ੍ਹ ਨਾਲ ਪ੍ਰਭਾਵਿਤ ਹੋਏ ਨੇ। ਮੁਕੇਰੀਆਂ ਦੇ ਐਸ.ਡੀ.ਐਮ. ਅੰਕੁਰ ਮਹਿੰਦਰੂ ਨੇ ਦੱਸਿਆ ਕਿ ਸਿਵਲ ਪ੍ਰਸ਼ਾਸਨ ਵੱਲੋਂ ਅਨਾਊਂਸਮੈਂਟ ਕਰਵਾ ਕੇ ਪਿੰਡ ਵਾਸੀਆਂ ਨੂੰ ਸੁਰੱਖਿਤ ਥਾਵਾਂ ’ਤੇ ਜਾਣ ਦੇ ਨਿਰਦੇਸ਼ ਦਿੱਤੇ ਗਏ ਨੇ ਅਤੇ ਨਾਲ ਹੀ ਸਬੰਧਿਤ ਅਧਿਕਾਰੀਆਂ ਨੂੰ ਵੀ ਕਿਸੇ ਵੀ ਸਥਿਤੀ ਨਾਲ ਨਜਿੱਠਣ ਲਈ ਚੌਕਸ ਰਹਿਣ ਨੂੰ ਕਿਹਾ ਗਿਆ ਏ। ਉਧਰ ਭਾਖੜਾ ਡੈਮ ਵਿੱਚ ਪਾਣੀ ਦਾ ਪੱਧਰ ਪਹਿਲਾ ਨਾਲੋਂ ਵੱਧ ਗਿਆ ਏ ਪਰ ਸਥਿਤੀ ਕਾਬੂ ਹੇਠ ਏ।ਪਠਾਨਕੋਟ ਵਿੱਚ ਵੀ ਭਾਰੀ ਬਾਰਿਸ਼ ਕਾਰਨ ਅੱਜ ਸਕੂਲ ਤੇ ਕਾਲਜ ਬੰਦ ਰੱਖੇ ਗਏ ਨੇ। ਰਣਜੀਤ ਸਾਗਰ ਡੈਮ ਵਿੱਚ ਵੀ ਪਾਣੀ ਦਾ ਪੱਧਰ ਵਧ ਗਿਆ ਏ ਜਿਸ ਕਾਰਨ ਪ੍ਰਸ਼ਾਸਨ ਵੱਲੋਂ ਲੋਕਾਂ ਨੂੰ ਦਰਿਆ ਕੰਢਿਓਂ ਦੂਰ ਰਹਿਣ ਦੀ ਅਪੀਲ ਕੀਤੀ ਗਈ ਏ। ਜੰਮੂ-ਜਲੰਧਰ ਕੌਮੀ ਸ਼ਾਹਰਾਹ ਜਿਹੜਾ ਕਿ ਚੱਕੀ ਦਰਿਆ ਵਿੱਚ ਪਾਣੀ ਵਧਣ ਕਾਰਨ ਇੱਕ ਪਾਸਿਓਂ ਬੰਦ ਕਰ ਦਿੱਤਾ ਗਿਆ ਸੀ, ਨੂੰ ਖੋਲ੍ਹ ਦਿੱਤਾ

ਗਿਆ ਏ ਪਰ ਬਮਿਆਲ ਬਲਾਕ ਵਿੱਚ ਪ੍ਰਭਾਵਤ ਹੋਈ ਬਮਿਆਲ-ਪਠਾਨਕੋਟ ਸੜਕ ’ਤੇ ਟਰੈਫਿਕ ਬਹਾਲ ਨਹੀਂ ਹੋਇਆ। ਜੰਮੂ-ਕਸ਼ਮੀਰ ਦੇ ਕਠੂਆ ਵਿੱਚ ਕੌਮੀ ਸ਼ਾਹਰਾਹ ਦਾ ਪੁਲ ਪ੍ਰਭਾਵਿਤ ਹੋਣ ਕਾਰਨ ਜੰਮੂ-ਜਲੰਧਰ ਕੌਮੀ ਸ਼ਾਹਰਾਹ ਤੇ ਟਰੈਫਿਕ ਵੀ ਪ੍ਰਭਾਵਿਤ ਹੋਇਆ ਏ। ਪਠਾਨਕੋਟ ਵਿਚ ਸੁਪਰਡੈਂਟ ਇੰਜੀਨੀਅਰ ਗੁਰਪਿੰਦਰ ਸਿੰਘ ਸੰਧੂ ਨੇ ਕਿਹਾ ਕਿ ਪਠਾਨਕੋਟ ਦੇ ਨਾਲ-ਨਾਲ ਕਠੂਆ, ਗੁਰਦਾਸਪੁਰ ਅਤੇ ਅੰਮ੍ਰਿਤਸਰ ਦੇ ਜ਼ਿਲ੍ਹਾ ਪ੍ਰਸ਼ਾਸਨ ਨਾਲ ਹੋਈ ਮੀਟਿੰਗ ਵਿੱਚ ਉਨ੍ਹਾਂ ਨੂੰ ਪਹਿਲਾਂ ਤੋਂ ਹੀ ਚੌਕਸ ਰਹਿਣ ਲਈ ਕਿਹਾ ਗਿਆ ਏ। ਇਸੇ ਦੌਰਾਨ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਵੀ ਅੱਜ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕਰਦਿਆਂ ਲੋਕਾਂ ਨੂੰ ਅਪੀਲ ਕੀਤੀ IBYTE ਰਣਜੀਤ ਸਾਗਰ ਡੈਮ ਤੋਂ ਪਾਣੀ ਛੱਡਣ ਕਾਰਨ ਐਨ.ਡੀ.ਆਰ.ਐਫ ਟੀਮਾਂ ਵਲੋਂ ਰਾਹਤ ਤੇ ਬਚਾਅ ਕਾਰਜ ਜਾਰੀ ਨੇ। ਫਾਜ਼ਿਲਕਾ ਤਹਿਸੀਲ ਦੇ 12 ਪਿੰਡ ਵੀ ਹੜਾਂ ਕਾਰਨ ਪ੍ਰਭਾਵਿਤ ਹੋਏ ਨੇ। ਵਧੇਰੇ ਜਾਣਕਾਰੀ ਦਿੰਦਿਆਂ ਫਾਜ਼ਿਲਕਾ ਦੇ ਏ.ਡੀ.ਸੀ. ਡਾਕਟਰ ਮਨਦੀਪ ਕੌਰ ਨੇ ਦੱਸਿਆ IByte:

ਫਾਜ਼ਿਲਕਾ ਦੇ ਡਿਪਟੀ ਕਮਿਸ਼ਨਰ ਅਮਰਪ੍ਰੀਤ ਕੌਰ ਸੰਧੂ ਨੇ ਲੋਕਾਂ ਨੂੰ ਅਪੀਲ ਕਰਦਿਆਂ ਦੱਸਿਆ ਕਿ ਹਰੀਕੇ ਹੈੱਡ ਵਰਕਸ ਤੋਂ 1 ਲੱਖ 70 ਹਜ਼ਾਰ ਕਿਉਸਿਕ ਪਾਣੀ ਛੱਡਿਆ ਜਾ ਰਿਹਾ ਏ। ਇਸ ਕਾਰਨ ਸਰਹੱਦੀ

ਹਾੜ ਪ੍ਰਭਾਵਿਤ ਪਿੰਡਾਂ ਵਿੱਚ ਪਾਣੀ ਦੇ ਵੱਧਣ ਦਾ ਖ਼ਤਰਾ ਏ । ਡਿਪਟੀ ਕਮਿਸ਼ਨਰ ਨੇ ਖਾਸ ਕਰਕੇ ਕ੍ਰੀਕ ਪਾਰ ਦੇ ਲੋਕਾਂ ਨੂੰ ਅਪੀਲ ਕੀਤੀ ਏ ਕਿ ਉਹ ਔਰਤਾਂ, ਬਜ਼ੁਰਗਾਂ ਅਤੇ ਬੱਚਿਆਂ ਨੂੰ ਸੁਰੱਖਿਅਤ ਥਾਵਾਂ ਵੱਲ ਭੇਜਣ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਦੀਆਂ ਟੀਮਾਂ ਲੋਕਾਂ ਦੀ ਮਦਦ ਲਈ ਤਾਇਨਾਤ ਹਨ ਅਤੇ ਹਰੇਕ ਸੰਭਵ ਸਹਾਇਤਾ ਲਈ ਤਿਆਰ ਨੇ । ਕਿਸੇ ਵੀ ਐਮਰਜੈਂਸੀ ਸਥਿਤੀ ਵਿੱਚ ਲੋਕ ਕੰਟਰੋਲ ਰੂਮ ਨੰਬਰ 01638-262-153 ’ਤੇ ਸੰਪਰਕ ਕਰ ਸਕਦੇ ਨੇ । ਗੁਰਦਾਸਪੁਰ ਜ਼ਿਲ੍ਹਾ ਪ੍ਰਸ਼ਾਸਨ ਨੇ ਅੱਜ ਰਾਵੀ ਦਰਿਆ ਵਿੱਚ ਪਾਣੀ ਦੇ ਪੱਧਰ ਵਧਣ ਕਾਰਨ ਕਈ ਪਿੰਡਾਂ ਦੇ ਵਾਸੀਆਂ ਲਈ ਜਰੂਰੀ ਸੂਚਨਾ ਜਾਰੀ ਕੀਤੀ ਏ । ਪ੍ਰਸ਼ਾਸਨ ਨੇ ਪਿੰਡ ਮਕੋੜਾ, ਕਾਹਨਾ, ਨਵੀਂ ਚੰਡੀਗੜ੍ਹ, ਚੱਕਰੀ, ਸਲਾਚ, ਠਾਕਰਪੁਰ ਅਤੇ ਚੌਂਤਰਾ ਦੇ ਲੋਕਾਂ ਨੂੰ ਅਪੀਲ ਕੀਤੀ ਏ  ਕਿ ਉਹ ਆਪਣਾ ਘਰੇਲੂ ਸਾਮਾਨ ਸੁਰੱਖਿਅਤ ਤੇ ਉੱਚੀਆਂ ਥਾਵਾਂ ‘ਤੇ ਕਰ ਲੈਣ। ਪ੍ਰਸ਼ਾਸਨ ਨੇ ਸਪੱਸ਼ਟ ਕੀਤਾ ਏ ਕਿ ਜੇ ਹਾਲਾਤ ਗੰਭੀਰ ਹੋਣ ਤਾਂ ਵਾਸੀ ਨੇੜਲੇ ਰਾਹਤ ਕੇਂਦਰਾਂ ਦੀ ਆਸਰਾ  ਲੈਣ। ਇਹ ਰਾਹਤ ਕੇਂਦਰ ਸਰਕਾਰੀ ਸਕੈਂਡਰੀ ਸਕੂਲ ਝਬਕਰਾ, ਗੁਰਦੁਆਰਾ ਟਾਹਲੀ ਸਾਹਿਬ ਗਾਹਲੜੀ ਅਤੇ ਸਰਕਾਰੀ ਸੀਨੀਅਰ ਸਕੈਂਡਰੀ ਸਕੂਲ ਗਾਹਲੜੀ ਵਿੱਚ ਬਣਾਏ ਗਏ ਹਨ। ਮੌਸਮ ਵਿਭਾਗ ਨੇ ਅੱਜ ਪੰਜਾਬ ਵਿੱਚ ਕਈ ਥਾਵਾਂ ਤੇ ਭਾਰੀ ਤੋਂ ਬਹੁਤ ਭਾਰੀ ਮੀਂਹ ਦਾ ਰੈਡ ਅਲਰਟ ਜਾਰੀ  ਜਦ ਕਿ ਕੱਲ 26 ਅਗਸਤ ਨੂੰ ਵੀ

ਭਾਰੀ ਤੋਂ ਬਹੁਤ ਭਾਰੀ ਬਾਰਿਸ਼ ਦਾ ਔਰੰਜ ਅਲਰਟ ਜਾਰੀ ਕੀਤਾ ਏ । 27 ਅਗਸਤ ਨੂੰ ਵੀ ਕੁਝ ਥਾਵਾਂ ਤੇ ਭਾਰੀ ਮੀਂਹ ਦਾ ਯੈਲੋ ਅਲਰਟ ਜਾਰੀ ਰਹੇਗਾ । ਬੀਤੇ 24 ਘੰਟਿਆਂ ਵਿੱਚ ਪੰਜਾਬ ਅਤੇ ਹਰਿਆਣਾ ਦੋਵੇਂ ਸੂਬਿਆਂ ਵਿੱਚ ਸੰਗਰੂਰ ਅਤੇ ਫਤਿਹਾਬਾਦ ਜਿਲਿਆਂ ਵਿੱਚ ਭਾਰੀ ਤੋਂ ਬਹੁਤ ਭਾਰੀ ਮੀਂਹ ਦਰਜ ਕੀਤਾ ਗਿਆ ਏ । ਦੋਵਾਂ ਸੂਬਿਆਂ ਵਿੱਚ ਆਉਂਦੇ 36 ਤੋਂ 48 ਘੰਟਿਆਂ ਦੌਰਾਨ ਬਹੁਤ ਸਾਰੀਆਂ ਥਾਵਾਂ 'ਤੇ ਲਗਾਤਾਰ ਬਾਰਿਸ਼ ਜਾਰੀ ਰਹਿਣ ਦੀ ਪੇਸ਼ੀਨਗੋਈ ਕੀਤੀ ਗਈ ਏ ।

---

- ਭਾਰਤ ਅਤੇ ਫਿਜੀ ਨੇ, ਸਿਹਤ ਅਤੇ ਮਿਆਰੀਕਰਨ, ਸਮਰੱਥਾ ਨਿਰਮਾਣ ਅਤੇ ਕਈ ਵੱਡੇ ਪ੍ਰੋਜੈਕਟਾਂ 'ਤੇ ਸੱਤ ਸਮਝੌਤਿਆਂ ਦਾ ਆਦਾਨ-ਪ੍ਰਦਾਨ ਕੀਤਾ ।
- ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਵਲੋਂ ਰਾਸ਼ਟਰੀ ਅੱਖਾਂ ਦਾਨ ਪੰਦਰਵਾੜੇ ਦੀ ਸ਼ੁਰੂਆਤ ।
- ਬਾਗਬਾਨੀ ਮੰਤਰੀ ਮੋਹਿੰਦਰ ਭਗਤ ਨੇ ਜਲੰਧਰ ਵਿਚ ਜ਼ਿਲ੍ਹਾ ਪੱਧਰੀ ਵਣ ਮਹਾਉਤਸਵ ’ਚ ਸ਼ਿਰਕਤ ਕਰਦਿਆਂ -ਇਕ ਮਨੁੱਖ ਇਕ ਰੁੱਖ’ ਦੇ ਮੰਤਰ ’ਤੇ ਅਮਲ ਕਰਨ ਦਾ ਦਿੱਤਾ ਸੱਦਾ ।
- ਲੁਧਿਆਣਾ ਦੇ ਅਧਿਆਪਕ ਨਰਿੰਦਰ ਸਿੰਘ ਦੀ ਰਾਸ਼ਟਰੀ ਅਧਿਆਪਕ ਪੁਰਸਕਾਰ ਲਈ ਹੋਈ ਚੋਣ ।

- ਪੰਜਾਬ ਪੁਲਿਸ ਵਲੋਂ ਬੱਬਰ ਖਾਲਸਾ ਇੰਟਰਨੈਸ਼ਨਲ ਦੇ ਦਹਿਸ਼ਤਗਰਦੀ ਮਾਡਿਊਲ ਦਾ ਪਰਦਾਫਾਸ਼ -ਚਾਰ ਹੈਂਡ ਗ੍ਰਨੇਡ ਅਤੇ 2 ਕਿਲੋ ਆਰ.ਡੀ.ਐਕਸ ਅਧਾਰਤ ਆਈ.ਈ.ਡੀ ਬਰਾਮਦ ।
- ਮੌਸਮ ਵਿਭਾਗ ਵਲੋਂ ਅੱਜ ਪੰਜਾਬ ਵਿੱਚ ਕਈ ਥਾਵਾਂ ਤੇ ਭਾਰੀ ਤੋਂ ਬਹੁਤ ਭਾਰੀ ਮੀਂਹ ਦਾ ਰੈਡ ਅਲਰਟ ਜਦਕਿ ਕੱਲ ਲਈ ਔਰੰਜ ਅਲਰਟ ਜਾਰੀ ।

**ਇਸਦੇ ਨਾਲ ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**